ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

# ਵਧੀਕ ਮੁੱਖ ਸਕੱਤਰ ਸਥਾਨਕ ਸਰਕਾਰਾਂ ਨੇ ਬਠਿੰਡਾ ਵਿਖੇ ਕੋਵਿਡ ਰਾਹਤ ਕਾਰਜਾਂ ਅਤੇ ਕਣਕ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

## -ਹਾਲੇ ਤੱਕ ਬਠਿੰਲਾ ਜ਼ਿਲ੍ਹੇ ਵਿਚ ਨਹੀਂ ਹੈ ਕੋਈ ਕਰੋਨਾ ਪਾਜਿਟਵ ਕੇਸ-ਸੰਜੈ ਕੁਮਾਰ

## -ਬਾਹਰੋਂ ਆਉਣ ਵਾਲਿਆਂ ਨੂੰ ਰੱਖਿਆ ਜਾਵੇ ਇਕਾਂਤਵਾਸ ਵਿਚ

ਬਠਿੰਡਾ, 29 ਅਪ੍ਰੈਲ : ਵਧੀਕ ਮੁੱਖ ਸਕੱਤਰ ਸਥਾਨਕ ਸਰਕਾਰਾਂ ਸ੍ਰੀ ਸੰਜੈ ਕੁਮਾਰ ਆਈ.ਏ.ਐਸ. ਨੇ ਅੱਜ ਬਠਿੰਡਾ ਦਾ ਦੌਰਾ ਕਰਕੇ ਕੋਵਿਡ ਰਾਹਤ ਕਾਰਜਾਂ ਅਤੇ ਕਣਕ ਦੇ ਖਰੀਦ ਪ੍ਰਬੰਧਾਂ ਦੀ ਸਮੀਖਿਆ ਲਈ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਅਤੇ ਐਸਐਸਪੀ ਡਾ: ਨਾਨਕ ਸਿੰਘ ਸਮੇਤ ਬਾਕੀ ਸੀਨਿਅਰ ਅਧਿਕਾਰੀਆਂ ਨਾਲ ਬੈਠਕ ਕੀਤੀ।

ਇਸ ਮੌਕੇ ਸ੍ਰੀ ਸੰਜੈ ਕੁਮਾਰ, ਵਧੀਕ ਮੁੱਖ ਸਕੱਤਰ ਸਥਾਨਕ ਸਰਕਾਰਾਂ ਨੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਹਾਲੇ ਤੱਕ ਗਰੀਨ ਜੋਨ ਵਿਚ ਬਣਿਆ ਹੋਇਆ ਹੈ ਅਤੇ ਕੋਈ ਵੀ ਕਨਫਰਮ ਕਰੋਨਾ ਮਰੀਜ ਨਹੀਂ ਹੈ ਪਰ ਜ਼ਿਲ੍ਹਾ ਪ੍ਰਸ਼ਾਸਨ ਆਪਣੀ ਚੌਕਸੀ ਇਸੇ ਤਰਾਂ ਬਣਾਈ ਰੱਖੇ।ਉਨ੍ਹਾਂ ਨੇ ਕਿਹਾ ਕਿ ਬਾਹਰਲੇ ਰਾਜਾਂ ਤੋਂ ਆਉਣ ਵਾਲੇ ਲੋਕਾਂ ਦੀ ਬਕਾਇਦਾ ਮੈਡੀਕਲ ਜਾਂਚ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਇਕਾਂਤਵਾਸ ਵਿਚ ਰੱਖਿਆ ਜਾਵੇ।ਉਨ੍ਹਾਂ ਨੇ ਕਿਹਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਹਰ ਜ਼ਿਲ੍ਹੇ ਵਿਚ ਚਲ ਰਹੇ ਰਾਹਤ ਕਾਰਜਾਂ ਅਤੇ ਕਣਕ ਦੀ ਖਰੀਦ ਪ੍ਰਕ੍ਰਿਆ ਦੀ ਨਿੱਜੀ ਤੌਰ ਤੇ ਨਿਗਰਾਨੀ ਕਰ ਰਹੇ ਹਨ ਅਤੇ ਇਸੇ ਲਈ ਸੀਨਿਅਰ ਅਧਿਕਾਰੀਆਂ ਨੂੰ ਜ਼ਿਲ੍ਹਿਆਂ ਵਿਚ ਭੇਜਿਆ ਜਾ ਰਿਹਾ ਹੈ।

ਵਧੀਕ ਮੁੱਖ ਸਕੱਤਰ ਨੇ ਇਸ ਮੌਕੇ ਕਿਹਾ ਕਿ ਕੋਵਿਡ ਕਾਰਨ ਲੱਗੇ ਕਰਫਿਊ ਦੌਰਾਨ ਇਹ ਯਕੀਨੀ ਬਣਾਇਆ ਜਾਵੇ ਕਿ ਕੋਈ ਵੀ ਭੁੱਖਾ ਨਾ ਸੌਂਵੇ ਅਤੇ ਹਰੇਕ ਲੋੜਵੰਦ ਤੱਕ ਮਦਦ ਮੁਹਈਆ ਕਰਵਾਈ ਜਾਵੇ।ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਘਰਾਂ ਦੇ ਅੰਦਰ ਹੀ ਰਹਿਣ ਅਤੇ ਕਰਫਿਊ ਦਾ ਪਾਲਣ ਕਰਨ ਕਿਉਂਕਿ ਇਹੀ ਇਕ ਤਰੀਕਾ ਹੈ ਇਸ ਬਿਮਾਰੀ ਦੇ ਪਸਾਰ ਨੂੰ ਰੋਕਣ ਦਾ।

ਸ੍ਰੀ ਸੰਜੈ ਕੁਮਾਰ ਨੇ ਮੌਕੇ ਨਿਰਦੇਸ਼ ਦਿੱਤੇ ਕਿ ਕਰੋਨਾ ਤੋਂ ਇਲਾਵਾ ਮਲੇਰੀਆਂ ਅਤੇ ਡੇਂਗੂ ਦੀ ਬਿਮਾਰੀ ਦੇ ਪਸਾਰ ਪੱਖੋਂ ਵੀ ਇਹ ਸਮਾਂ ਸੰਵੇਨਸ਼ੀਲ ਹੈ। ਇਸ ਲਈ ਜਰੂਰੀ ਇੰਤਜਾਮ ਕੀਤੇ ਜਾਣ ਕਿ ਇਨ੍ਹਾਂ ਬਿਮਾਰੀਆਂ ਦਾ ਫੈਲਾਅ ਨਾ ਹੋਵੇ।ਇਸੇ ਤਰਾਂ ਉਨ੍ਹਾਂ ਨੇ ਪੀਣ ਵਾਲੇ ਪਾਣੀ ਦੇ ਨਿਯਮਿਤ ਤੌਰ ਤੇ ਨਮੂਨੇ ਲੈਣ, ਘਰਾਂ ਤੋਂ 100 ਫੀਸਦੀ ਕੂੜਾ ਚੁੱਕਣ, ਕੂੜੇ ਦੇ ਵਰਗੀਕਰਨ ਕਰਨ ਅਤੇ ਸਟਰੀਟ ਲਾਇਟਾਂ ਦੇ ਪ੍ਰਬੰਧ ਕਰਨ ਲਈ ਵੀ ਕਿਹਾ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਤੋਂ ਹਾਲੇ ਤੱਕ 575 ਨਮੂਨੇ ਜਾਂਚ ਲਈ ਲਏ ਗਏ ਹਨ। ਇੰਨ੍ਹਾਂ ਵਿਚੋ 491 ਦੀ ਰਿਪੋਟ ਨੈਗੇਟਿਵ ਪ੍ਰਾਪਤ ਹੋ ਚੁੱਕੀ ਹੈ ਜਦ ਕਿ 84 ਦੀ ਰਿਪੋਟ ਆਉਣੀ ਬਕਾਇਆ ਹੈ। ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਰਹੱਦਾਂ ਤੇ ਪੂਰੀ ਚੌਕਸੀ ਰੱਖੀ ਜਾ ਰਹੀ ਹੈ।ਉਨ੍ਹਾਂ ਨੇ ਕਿਹਾਕਿ ਬਾਹਰਲੇ ਜ਼ਿਲ੍ਹਿਆਂ ਤੋਂ ਕਰੋਨਾ ਦੀ ਲਾਗ ਨਾ ਆਵੇ ਇਸ ਲਈ ਫਿਲਹਾਲ ਦੂਜੇ ਰਾਜਾਂ ਤੋਂ ਆਉਣ ਵਾਲੀ ਸਬਜੀ ਤੇ ਰੋਕ ਲਗਾਈ ਗਈ ਹੈ। ਐਸਐਸਪੀ ਡਾ: ਨਾਨਕ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ ਲੋਕ ਪੂਰਾ ਸਹਿਯੋਗ ਕਰ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਪੁਲਿਸ ਵੱਲੋਂ ਕਰਫਿਊ ਤੋੜਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।

ਕਮਿਸ਼ਨਰ ਨਗਰ ਨਿਗਮ ਸ੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਦੱਸਿਆ ਕਿ ਨਿਗਮ ਵੱਲੋਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਸੁੱਕਾ ਰਾਸ਼ਨ ਅਤੇ ਪੱਕਿਆ ਹੋਇਆ ਭੋਜਨ ਲੋੜਵੰਦ ਲੋਕਾਂ ਨੂੰ ਮੁਹਈਆ ਕਰਵਾਇਆ

ਜਾ ਰਿਹਾ ਹੈ। ਸਿਵਲ ਸਰਜਨ ਡਾ: ਅਮਰੀਕ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਜਰੂਰਤ ਅਨੁਸਾਰ ਸੁਰੱਖਿਆ ਕਿੱਟਾਂ ਉਪਲਬੱਧ ਹਨ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ: ਮਨਦੀਪ ਸਿੰਘ ਨੇ ਦੱਸਿਆ ਕਿ 55 ਫੀਸਦੀ ਕਣਕ ਦੀ ਖਰੀਦ ਹੋ ਚੁੱਕੀ ਹੈ। ਜ਼ਿਲ੍ਹਾ ਮੰਡੀ ਅਫ਼ਸਰ ਸ: ਪ੍ਰੀਤ ਕੰਵਰ ਸਿੰਘ ਬਰਾੜ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਮੰਡੀਆਂ ਵਿਚ 25000 ਮਾਸਕ ਵੰਡੇ ਗਏ ਹਨ।

I/21024/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਬੇਰੁਜ਼ਗਾਰਾਂ ਲਈ ਆਨਲਾਈਨ ਕਰੀਅਰ ਗਾਈਡੈਂਸ ਪ੍ਰੋਗਰਾਮ ਸ਼ੁਰੂ ਕਰਨ ਦੀ ਤਿਆਰੀ ਮੁਕੰਮਲ

## ਸਿਰਫ਼ ਵਟਸਐਪ ਮੈਸਜ਼ 'ਤੇ ਹੀ ਪ੍ਰਾਪਤ ਕੀਤੀ ਜਾ ਸਕਦੀ ਹੈ ਜਾਣਕਾਰੀ

## ਐਤਵਾਰ ਨੂੰ ਨਹੀਂ ਹੋਵੇਗਾ ਕੋਈ ਪ੍ਰੋਗਰਾਮ

ਬਠਿੰਡਾ, 29 ਅਪ੍ਰੈਲ : ਵਿਦਿਆਰਥੀਆਂ ਤੇ ਬੇਰੋਜ਼ਗਾਰ ਨੌਜਵਾਨਾਂ ਲਈ ਭਾਰਤ ਸਰਕਾਰ ਵਲੋਂ ਨੈਸ਼ਨਲ ਕਰੀਅਰ ਸਰਵਿਸ ਪ੍ਰੋਜੈਕਟ ਅਧੀਨ ਮਾਡਲ ਕਰੀਅਰ ਸੈਂਟਰ ਵਿੱਚ ਤਬਦੀਲ ਕੀਤੇ ਗਏ ਹਨ। ਇਸ ਤਹਿਤ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਠਿੰਡਾ ਵੱਲੋਂ ਆਨਲਾਈਨ ਕਰੀਅਰ ਗਾਈਡੈਂਸ ਪ੍ਰੋਗਰਾਮ ਸ਼ੁਰੂ ਕਰਨ ਦੀ ਤਿਆਰੀ ਮੁਕੰਮਲ ਕਰ ਲਈ ਗਈ ਹੈ, ਤਾਂ ਜੋ ਉਹ ਇਸ ਸਮੇਂ ਦਾ ਉਚਿਤ ਲਾਭ ਚੁੱਕ ਸਕਣ। ਇਹ ਜਾਣਕਾਰੀ ਮਾਡਲ ਕਰੀਅਰ ਸੈਂਟਰ, ਜ਼ਿਲਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਦੇ ਸੀ.ਈ.ਓ.ਕਮ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਪਰਮਵੀਰ ਸਿੰਘ ਨੇ ਦਿੱਤੀ।

ਉਨਾਂ ਕਿਹਾ ਕਿ ਜਿਹੜੇ ਵਿਦਿਆਰਥੀ ਭਾਰਤ ਸਰਕਾਰ ਵੱਲੋਂ ਤਾਇਨਾਤ ਅਧਿਕਾਰੀ ਸ੍ਰੀ ਅੰਕੁਰਵੀਰ ਅਰੋੜਾ ਤੋਂ ਆਨਲਾਈਨ ਕਰੀਅਰ ਗਾਈਡੈਂਸ ਲੈਣ ਦੇ ਇੱਛੁਕ ਹੋਣ, ਉਹ 77107-21374 ਨੰਬਰ ਤੇ ਸੋਮਵਾਰ, ਬੁੱਧਵਾਰ ਅਤੇ ਸ਼ੁੱਕਰਵਾਰ ਨੂੰ ਸਵੇਰੇ 11:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਸਿਰਫ ਵਟਸਐਪ ਮੈਸੇਜ ਕਰਕੇ ਜਾਣਕਾਰੀ ਹਾਸਲ ਕਰ ਸਕਦੇ ਹਨ। ਇਸ ਤੋਂ ਇਲਾਵਾ ਜੇਕਰ ਉਹ ਪੰਜਾਬ ਸਰਕਾਰ ਦੇ ਘਰ-ਘਰ ਰੋਜ਼ਗਾਰ ਮਿਸ਼ਨ ਤਹਿਤ ਬਿਊਰੋ ਦੇ ਡਿਪਟੀ ਸੀ.ਈ.ਓ. ਸ੍ਰੀ ਤੀਰਥਪਾਲ ਸਿੰਘ ਤੋਂ ਗਾਈਡੈਂਸ ਲੈਣਾ ਚਾਹੁੰਦੇ ਹਨ ਤਾਂ ਉਹ 70813-00013 ਨੰਬਰ ਤੇ ਸਿਰਫ ਮੰਗਲਵਾਰ, ਵੀਰਵਾਰ ਅਤੇ ਸ਼ਨੀਵਾਰ ਨੂੰ ਵਟਸਐਪ ਮੈਸਜ ਕਰ ਸਕਦੇ ਹਨ। ਮੈਸਜ ਮਿਲਣ ਉਪਰੰਤ ਅਗਲੇਰੀ ਜਾਣਕਾਰੀ ਦਿੱਤੀ ਜਾਵੇਗੀ। ਐਤਵਾਰ ਨੂੰ ਕੋਈ ਵੀ ਪ੍ਰੋਗਰਾਮ ਨਹੀਂ ਹੋਵੇਗਾ। ਇੰਨਾਂ ਨੰਬਰਾਂ ਤੇ ਸਿਰਫ ਮੈਸੇਜ ਹੀ ਸਵੀਕਾਰ ਕੀਤਾ ਜਾਵੇਗਾ ਅਤੇ ਉਮੀਦਵਾਰ ਦੀ ਰਜਿਸਟ੍ਰੇਸ਼ਨ ਕਰਨ ਉਪਰੰਤ ਵੀਡੀਓ ਕਾਲ ਰਾਹੀਂ ਜਾਂ ਫਿਰ ਹੋਰ ਤਰੀਕੇ ਨਾਲ ਗਾਈਡੈਂਸ ਸੈਸ਼ਨ ਲਗਾਇਆ ਜਾਵੇਗਾ। ਆਨਲਾਈਨ ਸੈਸ਼ਨ ਲਈ ਮੋਬਾਈਲ ਵਿੱਚ ਜ਼ੂਮ ਮੀਟਿੰਗ ਐਪਲੀਕੇਸ਼ਨ ਹੋਣਾ ਲਾਜਮੀ ਹੈ।

I/21026/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਬਠਿੰਡਾ ਜ਼ਿਲ੍ਹੇ ਵਿਚ ਕਣਕ ਖਰੀਦ ਦਾ ਆਂਕੜਾ 5 ਲੱਖ ਟਨ ਨੂੰ ਪਾਰ ਕੀਤਾ

## -562 ਕਰੋੜ ਦੀਆਂ ਅਦਾਇਗੀਆਂ ਕੀਤੀਆਂ

ਬਠਿੰਡਾ, 29 ਅਪ੍ਰੈਲ:

ਬਠਿੰਡਾ ਜ਼ਿਲ੍ਹੇ ਵਿਚ ਮੰਗਲਵਾਰ ਦੀ ਸ਼ਾਮ ਤੱਕ ਕਣਕ ਖਰੀਦ ਦੇ ਟੀਚੇ ਦੇ ਅੱਧ ਦਾ ਪੜਾਅ ਪਾਰ ਹੋ ਗਿਆ ਹੈ ਅਤੇ ਹੁਣ ਤੱਕ 519548 ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ।ਇਸੇ ਤਰਾਂ ਜ਼ਿਲ੍ਹੇ ਵਿਚ ਖਰੀਦ ਗਈ ਕਣਕ ਦੇ ਬਦਲੇ 562 ਕਰੋੜ ਰੁਪਏ ਦੀਆਂ ਅਦਾਇਗੀਆਂ ਕੀਤੀਆਂ ਜਾ ਚੁੱਕੀਆਂ ਹਨ।ਜ਼ਿਲ੍ਹੇ ਵਿਚ 10 ਲੱਖ ਟਨ ਕਣਕ ਦੀ ਆਮਦ ਦੀ ਆਸ ਹੈ।

ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ 320609 ਮੀਟ੍ਰਿਕ ਟਨ ਕਣਕ ਦੀ ਮੰਡੀਆਂ ਵਿਚੋਂ ਲਿਫਟਿੰਗ ਵੀ ਕੀਤੀ ਜਾ ਚੁੱਕੀ ਹੈ।ਮੰਗਲਵਾਰ ਨੂੰ 44507 ਮੀਟ੍ਰਿਕ ਟਨ ਕਣਕ ਦੀ ਮੰਡੀਆਂ ਵਿਚ ਨਵੀਂ ਆਮਦ ਹੋਈ ਜਦ ਕਿ ਇਸ ਇਕ ਦਿਨ ਵਿਚ 47665 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ: ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਪਨਗ੍ਰੇਨ ਨੇ 147535 ਮੀਟ੍ਰਿਕ ਟਨ, ਮਾਰਕਫੈਡ ਨੇ 137056 ਮੀਟ੍ਰਿਕ ਟਨ, ਪਨਸਪ ਨੇ 117120 ਮੀਟ੍ਰਿਕ ਟਨ, ਪੰਜਾਬ ਰਾਜ ਵੇਅਰ ਹਾਊਸ ਕਾਰਪੋਰੇਸ਼ਨ ਨੇ 79898 ਮੀਟ੍ਰਿਕ ਟਨ, ਭਾਰਤੀ ਖੁਰਾਕ ਨਿਗਮ ਨੇ 37460 ਟਨ ਅਤੇ ਵਪਾਰੀਆਂ ਨੇ 479 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਹੈ।

I/21045/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਬਠਿੰਡਾ ਰਨਰਜ਼ ਗਰੁੱਪ ਵਲੋਂ ਕੋਵਿਡ ਰਾਹਤ ਫੰਡ ਲਈ 51 ਹਜ਼ਾਰ ਰੁਪਏ ਦੀ ਰਾਸ਼ੀ ਭੇਂਟ

## ਡਿਪਟੀ ਕਮਿਸ਼ਨਰ ਨੇ ਕੀਤਾ ਧੰਨਵਾਦ

ਬਠਿੰਡਾ, 29 ਅਪ੍ਰੈਲ : ਕਰੋਨਾ ਵਾਇਰਸ ਨੇ ਜਿੱਥੇ ਦੁਨੀਆਂ ਭਰ ਵਿਚ ਆਪਣੇ ਛਾਪ ਛੱਡ ਰੱਖੀ ਹੈ ਉੱਥੇ ਇਸ ਨੂੰ ਹਰਾਉਣ ਵਿਚ ਪੰਜਾਬ ਦੇ ਲੋਕਾਂ ਵਲੋਂ ਵੀ ਪੂਰੀ ਤਨਦੇਹੀ ਨਾਲ ਸਰਕਾਰ ਵਲੋਂ ਦਿੱਤੀਆਂ ਗਈਆਂ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਤੇ ਵਪਾਰਕ ਅਦਾਰਿਆਂ ਵਲੋਂ ਵੀ ਕੋਵਿਡ ਰਾਹਤ ਫੰਡ ਦੇਣ ਵਿਚ ਆਪਣਾ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ। ਇਸੇ ਲੜੀ ਤਹਿਤ

ਬਠਿੰਡਾ ਰਨਰਜ਼ ਗਰੁੱਪ ਵਲੋਂ ਕੋਵਿਡ ਰਾਹਤ ਕੋਸ਼ ਲਈ 51 ਹਜ਼ਾਰ ਰੁਪਏ ਦੀ ਰਾਸ਼ੀ ਦਾ ਚੈੱਕ ਡਿਪਟੀ ਕਮਿਸ਼ਨਰ ਸ੍ਰੀ ਬੀ.ਸ੍ਰੀਨਿਵਾਸਨ ਨੂੰ ਭੇਂਟ ਕੀਤਾ ਗਿਆ। ਇਸ ਤੋਂ ਪਹਿਲਾਂ ਸੀਨੀਅਰ ਸਿਟੀਜਨ ਵਲੋਂ ਵੀ 51500 ਰੁਪਏ ਦਾ ਚੈੱਕ ਡਿਪਟੀ ਕਮਿਸ਼ਨਰ ਬਠਿੰਡਾ ਨੂੰ ਭੇਂਟ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਾਰੇ ਦਾਨਵੀਰਾਂ ਦਾ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ ਗਿਆ।

I/21050/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਪੰਜਾਬ ਸਰਕਾਰ ਵੱਲੋਂ ਭੇਜੀਆਂ ਬੱਸਾਂ ਰਾਹੀਂ ਸ਼ਰਧਾਲੂਆਂ ਦੀ ਤਖਤ ਸ੍ਰੀ ਹਜੂਰ ਸਾਹਿਬ ਤੋਂ ਵਾਪਸੀ ਸ਼ੁਰੂ

## 64 ਬੱਸਾਂ ਰਾਹੀਂ ਪੁੱਜੇ 2293 ਸ਼ਰਧਾਲੂ

## -15 ਬੱਸਾਂ ਹੋਰ ਆਉਣਗੀਆਂ।

ਬਠਿੰਡਾ, 29 ਅਪ੍ਰੈਲ

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਤਖਤ ਸ੍ਰੀ ਹਜੂਰ ਸਾਹਿਬ ਨਾਂਦੇੜ ਵਿਖੇ ਫਸੇ ਹੋਏ ਸ਼ਰਧਾਲੂਆਂ ਨੂੰ ਵਾਪਿਸ ਲਿਆਉਣ ਲਈ ਭੇਜੀਆਂ ਬੱਸਾਂ ਰਾਹੀਂ ਲੋਕ ਵਾਪਿਸ ਆਉਣਾ ਸ਼ੁਰੂ ਹੋ ਗਏ ਹਨ। ਬੁੱਧਵਾਰ ਨੂੰ ਸਵੇਰੇ 10 ਵਜੇ ਤੋਂ ਇੰਨ੍ਹਾਂ ਬੱਸਾਂ ਦਾ ਹਰਿਆਣਾ ਨਾਲ ਲੱਗਦੀ ਸਰਹੱਦ ਤੋਂ ਪੰਜਾਬ ਵਿਚ ਦਾਖਲਾ ਸ਼ੁਰੂ ਹੋਇਆ।ਜਿੱਥੇ ਇੰਨ੍ਹਾਂ ਸ਼ਰਧਾਲੂਆਂ ਨੂੰ ਨਾਸਤਾ ਅਤੇ ਪਾਣੀ ਦੇਣ ਅਤੇ ਇੰਨ੍ਹਾਂ ਸਬੰਧੀ ਮੁੱਢਲਾ ਰਿਕਾਰਡ ਇਕੱਤਰ ਕਰਨ ਤੋਂ ਬਾਅਦ ਇੰਨ੍ਹਾਂ ਨੂੰ ਸਬੰਧਤ ਜ਼ਿਲ੍ਹਿਆਂ ਲਈ ਰਵਾਨਾ ਕੀਤਾ ਗਿਆ।

ਇਸ ਸਬੰਧੀ ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਬਠਿੰਡਾ ਤੋਂ ਪੰਜਾਬ ਰੋਡਵੇਜ਼, ਪਨਬਸ ਅਤੇ ਪੀਆਰਟੀਸੀ ਦੀਆਂ 80 ਬੱਸਾਂ ਨੂੰ ਰਵਾਨਾ ਕੀਤਾ ਗਿਆ ਸੀ ਜਿੰਨ੍ਹਾਂ ਵਿਚੋਂ ਇਕ ਬੱਸ ਰਾਸਤੇ ਵਿਚ ਖਰਾਬ ਹੋਈ ਬਸ ਦੇ ਯਾਤਰੀਆਂ ਨੂੰ ਲੈ ਕੇ ਪਹਿਲਾਂ ਮੁੜ ਆਈ ਸੀ ਜਦ ਕਿ ਅੱਜ ਬਾਕੀ 79 ਬੱਸਾਂ ਦੀ ਵਾਪਸੀ ਆਰੰਭ ਹੋ ਗਈ ਹੈ। ਉਨ੍ਹਾਂ ਨੇ ਦੱਸਿਆ ਕਿ ਇੰਨ੍ਹਾਂ ਰਾਹੀਂ ਆਉਣ ਵਾਲੇ ਸ਼ਰਧਾਲੂਆਂ ਨੂੰ ਡੂਮਵਾਲੀ ਬਾਰਡਰ ਤੇ ਖਾਣਾ ਅਤੇ ਪੀਣ ਦਾ ਪਾਣੀ ਉਪਲਬੱਧ ਕਰਵਾ ਕੇ ਇੰਨ੍ਹਾਂ ਨੂੰ ਸਬੰਧਤ ਜ਼ਿਲ੍ਹੇ ਵਿਚ ਭੇਜਿਆ ਜਾ ਰਿਹਾ ਹੈ ਜਿੱਥੇ ਇੰਨ੍ਹਾਂ ਨੂੰ ਸਬੰਧਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰੀ ਤੌਰ ਤੇ ਇਕਾਂਤਵਾਸ ਵਿਚ ਰੱਖਿਆ ਜਾਵੇਗਾ।ਉਨ੍ਹਾਂ ਨੇ ਦੱਸਿਆ ਕਿ ਸੂਬੇ ਵਿਚ ਬੱਸਾਂ ਦੇ ਦਾਖਲੇ ਮੌਕੇ ਸਾਰੀਆਂ ਸਾਵਧਾਨੀਆਂ ਵਰਤੀਆਂ ਜਾ ਰਹੀਆਂ ਹਨ। ਇੱਥੇ ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਨਿੱਜੀ ਤੌਰ ਤੇ ਰੁਚੀ ਲੈ ਕੇ ਭਾਰਤ ਸਰਕਾਰ ਅਤੇ ਮਹਾਰਾਸ਼ਟਰ ਸਰਕਾਰ ਕੋਲ ਇੰਨ੍ਹਾਂ ਸ਼ਰਧਾਲੂਆਂ ਦੀ ਘਰ ਵਾਪਸੀ ਲਈ ਪਹੰੁਚ ਕੀਤੀ ਸੀ ਅਤੇ ਇਸ ਸਬੰਧੀ ਲੋੜੀਂਦੀਆਂ ਪ੍ਰਵਾਨਗੀਆਂ ਜਾਰੀ ਕਰਵਾਈਆਂ ਸਨ।

ਅੱਜ ਇੱਥੇ ਪਹੰੁਚੇ ਗੁਰਦਾਸਪੁਰ ਦੇ ਪਿੰਡ ਅਠਵਾਲ ਦੇ ਹਰੀ ਸਿੰਘ ਨੇ ਕਿਹਾ ਕਿ ਉਹ ਮਾਰਚ ਮਹੀਨੇ ਨਾਂਦੇੜ ਸਾਹਿਬ ਗਏ ਸਨ ਪਰ ਲਾਕਡਾਊਨ ਕਾਰਨ ਉਥੇ ਹੀ ਫਸ ਗਏ ਸਨ। ਪੰਜਾਬ ਸਰਕਾਰ ਵੱਲੋਂ ਬੱਸਾਂ ਮੁਹਈਆ ਕਰਵਾਉਣ ਲਈ ਮੁੱਖ ਮੰਤਰੀ

ਦਾ ਧੰਨਵਾਦ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਰਾਸਤੇ ਵਿਚ ਉਨ੍ਹਾਂ ਨੂੰ ਕੋਈ ਦਿੱਕਤ ਨਹੀਂ ਆਈ ਅਤੇ ਏਸੀ ਬੱਸਾਂ ਰਾਹੀਂ ਉਹ ਅੱਜ ਵਾਪਸ ਪਰਤ ਆਏ ਹਨ।

ਮੌਕੇ ਤੇ ਐਸਡੀਐਮ ਅਮਰਿੰਦਰ ਸਿੰਘ ਅਤੇ ਤਹਿਸੀਲਦਾਰ ਸੁਖਬੀਰ ਸਿੰਘ ਬਰਾੜ ਨੇ ਦੱਸਿਆ ਕਿ ਨੌਜਵਾਨ ਵੇਲਫੇਅਰ ਸੁਸਾਇਟੀ ਦੇ ਵੰਲਟੀਅਰ ਵੀ ਇੱਥੇ ਸ਼ਰਧਾਲੂਆਂ ਨੂੰ ਭੋਜਨ ਮੁਹਈਆ ਕਰਵਾਉਣ ਵਿਚ ਮਦਦ ਕਰ ਰਹੇ ਹਨ।ਇੰਨ੍ਹਾਂ ਬੱਸਾਂ ਰਾਹੀਂ ਆਏ ਸ਼ਰਧਾਲੂਆਂ ਨੂੰ ਮੈਰੀਟੋਰੀਅਸ ਸਕੂਲ ਵਿਖੇ ਇਕਾਂਤਵਾਸ ਕੀਤਾ ਗਿਆ ਹੈ।

ਖ਼ਬਰ ਲਿਖੇ ਜਾਣ ਤੱਕ 64 ਬੱਸਾਂ ਵਾਪਿਸ ਆ ਗਈਆਂ ਸਨ ਜਿੰਨ੍ਹਾਂ ਵਿਚ ਪਰਤੇ 2293 ਸ਼ਰਧਾਲੂਆਂ ਦਾ ਜ਼ਿਲ੍ਹਾਵਾਰ ਵੇਰਵਾ ਨਿਮਨ ਅਨੁਸਾਰ ਹੈ। ਅੰਮ੍ਰਿਤਸਰ-294, ਬਰਨਾਲਾ 97, ਬਠਿੰਡਾ 69, ਫਰੀਦਕੋਟ 6, ਫਤਿਹਗੜ੍ਹ ਸਾਹਿਬ 13, ਫਿਰੋਜਪੁਰ 30, ਫ਼ਾਜ਼ਿਲਕਾ 27, ਗੁਰਦਾਸਪੁਰ 382, ਹੁਸ਼ਿਆਰਪੁਰ 85, ਜਲੰਧਰ 122, ਕਪੂਰਥਲਾ 42, ਲੁਧਿਆਣਾ 179, ਮਾਨਸਾ 9, ਮੋਗਾ 130, ਸ੍ਰੀ ਮੁਕਤਸਰ ਸਾਹਿਬ 57, ਪਠਾਨਕੋਟ 6, ਪਟਿਆਲਾ 68, ਰੂਪਨਗਰ 31, ਮੋਹਾਲੀ 11, ਸੰਗਰੂਰ 200, ਨਵਾਂਸ਼ਹਿਰ 101, ਤਰਨਤਾਰਨ 308, ਚੰਡੀਗੜ੍ਹ ਤੇ ਹੋਰ 26.

ਇਸ ਤੋਂ ਬਿਨ੍ਹਾਂ ਬੀਤੀ ਰਾਤ ਰਾਜਸਥਾਨ ਦੇ ਜੈਸਲਮੇਰ ਤੋਂ ਵੀ ਲਗਭਗ 400 ਬਠਿੰਡਾ ਜ਼ਿਲ੍ਹੇ ਨਾਲ ਸਬੰਧਤ ਮਜਦੂਰ ਜ਼ਿਲ੍ਹੇ ਵਿਚ ਪਹੁੰਚੇ ਸਨ।ਜਿੰਨ੍ਹਾਂ ਨੂੰ ਤਲਵੰਡੀ ਸਾਬੋ ਵਿਖੇ ਇਕਾਂਤਵਾਸ ਵਿਚ ਰੱਖਿਆ ਗਿਆ ਹੈ।

I/21124/2020

O/o DPRO, BATHINDA

## PUNJAB GOVERNMENT's BUSES ARRIVING WITH PILGRIMS STRANDED AT NANDED

BATHINDA, APRIL 29:

With the persistent efforts of Punjab Chief Minister Captain Amarinder Singh, the pilgrims stuck at Nanded in Maharashtra are now arriving at Bathinda through a fleet of buses sent by the State Government to bring them back to their homes.

These pilgrims started reaching Punjab today 10 am onwards from state border adjoining with Haryana, where they were provided with breakfast and sent to their respective districts after seeking details from them by the state Government officials.

Disclosing this here today, the Deputy Commissioner B Srinivasan said that as many as 80 buses of Punjab Roadways, Punbus and PRTC were despatched from Bathinda to Nanded, from where now these buses were arriving back with the pilgrims stranded at Nanded. He said that these pilgrims were provided with breakfast and other basic amenities at Doomwali border, from where they were being further sent to their respective destinations in various

districts. He said that administration of their home districts would quarantine them as per the health protocol. He said that the District Administration was being ensured all preventive measures at the time of entry of these buses to state.

Thanking Chief Minister Captain Amarinder Singh for ensuring their return by sending special buses, resident of village Athwal in Gurdaspur district Hari Singh said that he went to Nanded Sahib in the month of March and got stuck there due to lockdown amid COVID-19. He also lauded the arrangements made by the Punjab Government to bring them back in AC buses.

Meanwhile, SDM Amarinder Singh and Tehsildar Sukhbir Singh Brar, who were present at the entry point, said that the volunteers of Naujwan Welfare Society were helping the district administration in providing food to the pilgrims returning from Nanded. He said that the local pilgrims had been quarantined in the local Meritorious School.

As many as 64 buses have arrived in Bathinda so far with 2293 passengers including 294 of Amritsar district, 97 of Barnala, 69 of Bathinda, 6 of Faridkot, 13 of Fatehgargh, 30 of Ferozpur, 27 of Fazilka, 382 of Gurdaspur, 85 of Hoshiarpur, 122 of Jalandhar, 42 of Kapurthla, 179 of Ludhiana, 9 of Mansa, 130 of Moga, 57 of Sri Muktsar Sahib, 6 of Pathankot, 68 of Patiala, 31 of Ropar, 11 of Mohali, 200 of Sangrur, 101 of SBS Nagar, 308 of Tantarn and 26 of Chandigargh and others,

Apart from these, nearly 400 labourers of Bathinda district were brought back by the state Government late last evening and quarantined at Talwandi Sabo.

Notably, the Chief Minister had taken up the issue with Centre and his Maharashtra counterpart Udhav Thackeray for safe return of stranded pilgrims at Nanded.

I/21126/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

**ਬੇਸਹਾਰਾ ਪਸ਼ੂਆਂ ਦੇ ਲਈ 15 ਟਰਾਲੀਆਂ ਹਰੇ ਚਾਰੇ ਦੀਆਂ ਕੀਤੀਆਂ ਰਵਾਨਾ**

**ਲਾਵਾਰਿਸ ਕਤੂਰਿਆਂ ਲਈ ਨਿਭਾਈ ਜਾ ਰਹੀਂ ਹੈ ਦੁੱਧ ਦੀ ਸੇਵਾ**

ਬਠਿੰਡਾ, 29 ਅਪ੍ਰੈਲ : ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਕਰੋਨਾ ਵਾਇਰਸ ਦੇ ਮੱਦੇਨਜ਼ਰ ਜਿੱਥੇ ਜ਼ਿਲਾ ਦੀਆਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਵਲੋਂ ਕੋਵਿਡ-19 ਦੀ ਲੜਾਈ

ਵਿਚ ਆਪਣਾ ਯੋਗਦਾਨ ਪਾਇਆ ਜਾ ਰਿਹਾ ਹੈ ਉੱਥੇ ਬਠਿੰਡਾ ਜ਼ਿਲੇ ਦੀ ਨੌਜਵਾਨ ਸੁਸਾਇਟੀ ਵਲੋਂ ਵੀ ਆਪਣੀਆਂ ਤਨੋ-ਮਨੋ ਤੇ ਧਨੋ ਬੇਸਹਾਰਾ, ਬੇਜੁਬਾਨ ਪਸ਼ੂਆਂ ਤੇ ਜਾਨਵਰਾਂ ਲਈ ਹਰੇ ਚਾਰੇ ਅਤੇ ਦੁੱਧ ਦੀਆਂ ਰੋਜ਼ਾਨਾ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ।

ਡਿਪਟੀ ਡਾਇਰੈਕਟਰ ਡਾ. ਅਮਰੀਕ ਸਿੰਘ ਨੇ ਅੱਗੇ ਦੱਸਿਆ ਕਿ ਨੌਜਵਾਨ ਸੁਸਾਇਟੀ ਵਲੋਂ ਬੇਸਹਾਰਾ ਗਊਆਂ ਦੇ ਲਈ ਹਰੀ ਮੱਕੀ ਨੂੰ ਕੁਤਰ ਕੇ 15 ਟਰਾਲੀਆਂ ਰਵਾਨਾ ਕੀਤੀਆਂ ਗਈਆਂ। ਇਸ ਤੋਂ ਇਲਾਵਾ ਉਨਾਂ ਦੱਸਿਆ ਕਿ ਸੁਸਾਇਟੀ ਵਲੋਂ ਲਾਵਾਰਿਸ ਕਤੂਰਿਆਂ ਦੇ ਲਈ ਰੋਜ਼ਾਨਾ 1 ਕੁਇੰਟਲ ਦੁੱਧ ਵੀ ਇਕੱਤਰ ਕੀਤਾ ਜਾ ਰਿਹਾ ਹੈ। ਡਿਪਟੀ ਡਾਇਰੈਕਟਰ ਨੇ ਨਿਸ਼ਕਾਮ ਸੇਵਾ ਕਰ ਰਹੇ ਨੌਜਵਾਨਾਂ ਵਲੋਂ ਕੀਤੇ ਜਾ ਰਹੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਉਨਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

I/21128/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਨਾਂਦੇੜ ਤੋਂ ਪਰਤੇ ਦੋ ਸ਼ਰਧਾਲੂਆਂ ਦੀ ਕਰੋਨਾ ਰਿਪੋਟ ਆਈ ਪਾਜਿਟਵ

-ਸਰਧਾਲੂਆਂ ਦੇ ਜ਼ਿਲ੍ਹੇ ਵਿਚ ਦਾਖਲੇ ਤੋਂ ਹੀ ਕੀਤਾ ਹੋਇਆ ਸੀ ਕੁਆਰਨਟਾਈਨ-ਡੀਸੀ

-ਲੋਕ ਘਬਰਾਉਣ ਨਾ, ਘਰਾਂ ਅੰਦਰ ਰਹਿਣ

ਬਠਿੰਡਾ, 29 ਅਪ੍ਰੈਲ:

ਨਾਂਦੇੜ ਤੋਂ ਪਰਤੇ ਦੋ ਸ਼ਰਧਾਲੂਆਂ ਦੀ ਕੋਵਿਡ 19 ਬਿਮਾਰੀ ਸਬੰਧੀ ਕਰਵਾਏ ਟੈਸਟ ਦੀ ਰਿਪੋਟ ਪਾਜਿਟਵ ਆਈ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਇੰਨ੍ਹਾਂ ਸ਼ਰਧਾਲੂਆਂ ਨੂੰ ਜ਼ਿਲ੍ਹੇ ਵਿਚ ਆਉਣ ਵਾਲੇ ਦਿਨ ਤੋਂ ਹੀ ਸਰਕਾਰੀ ਇਕਾਂਤਵਾਸ ਵਿਚ ਰੱਖਿਆ ਹੋਇਆ ਸੀ ਅਤੇ ਇੰਨ੍ਹਾਂ ਨੂੰ ਪਰਿਵਾਰ ਜਾਂ ਹੋਰ ਲੋਕਾਂ ਨੂੰ ਮਿਲਣ ਨਹੀਂ ਦਿੱਤਾ ਸੀ। ਉਨ੍ਹਾਂ ਨੇ ਜ਼ਿਲ੍ਹਾਂ ਵਾਸੀਆਂ ਨੂੰ ਕਿਹਾ ਕਿ ਉਹ ਕਿਸੇ ਘਬਰਾਹਟ ਵਿਚ ਨਾ ਆਉਣ ਅਤੇ ਆਪਣੇ ਘਰਾਂ ਵਿਚ ਰਹਿਣ। ਪ੍ਰਸ਼ਾਸਨ ਅਤੇ ਸਿਹਤ ਵਿਭਾਗ ਨੇ ਇੰਨ੍ਹਾਂ ਲੋਕਾਂ ਤੋਂ ਹੋਰ ਲੋਕਾਂ ਨੂੰ ਬਿਮਾਰੀ ਦੀ ਲਾਗ ਨਾ ਲੱਗੇ ਇਸ ਲਈ ਪਹਿਲਾਂ ਹੀ ਸਾਰੀਆਂ ਸਾਵਧਾਨੀਆਂ ਰੱਖੀਆਂ ਸਨ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਰਫਿਊ ਦਾ ਸ਼ਖਤੀ ਨਾਲ ਪਾਲਣ ਕਰਨ ਅਤੇ ਆਪਣੇ ਘਰਾਂ ਵਿਚ ਹੀ ਰਹਿਣ ਤਾਂ ਜੋ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਾਜਿਟਵ ਆਉਣ ਵਾਲਿਆਂ ਵਿਚੋਂ ਇਕ ਪੁਰਸ਼ ਹੈ ਅਤੇ ਇਕ ਮਹਿਲਾ ਹੈ। ਉਨ੍ਹਾਂ ਨੇ ਦੱਸਿਆ ਕਿ ਇੰਨ੍ਹਾਂ ਵਿਚੋਂ ਇਕ ਬਠਿੰਡਾ ਦਾ ਰਹਿਣ ਵਾਲਾ ਹੈ ਜਦ ਕਿ ਇਕ ਦਿੱਲੀ ਨਾਲ ਸਬੰਧਤ ਹੈ। ਉਨ੍ਹਾਂ ਨੇ ਕਿਹਾ ਕਿ ਇੰਨ੍ਹਾਂ ਦੇ ਸੰਪਰਕਾਂ ਦਾ ਪਤਾ ਲਗਾਇਆ ਜਾ ਰਿਹਾ ਹੈ।ਜਦ ਕਿ ਇੰਨ੍ਹਾਂ ਦੇ ਨਾਲ ਆਏ ਸਹਿਯਾਤਰੀਆਂ ਦੀਆਂ ਰਿਪੋਟਾਂ ਨੈਗੇਟਿਗ ਆਈਆਂ ਹਨ।

I/21131/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਹਾਲੇ ਬਠਿੰਡਾ ਜ਼ਿਲ੍ਹੇ ਵਿਚ ਕਰਫਿਊ ਤੋਂ ਕੋਈ ਛੋਟ ਦੇਣ ਦਾ ਫੈਸਲਾ ਨਹੀਂ ਹੋਇਆ-ਜ਼ਿਲ੍ਹਾ ਮੈਜਿਸਟ੍ਰੇਟ

-ਪਹਿਲਾਂ ਤੋਂ ਜਾਰੀ ਪਾਬੰਦੀਆਂ ਲਾਗੂ, ਲੋਕ ਸਖ਼ਤੀ ਨਾਲ ਕਰਫਿਊ ਦਾ ਕਰਨ ਪਾਲਣ

ਬਠਿੰਡਾ, 29 ਅਪ੍ਰੈਲ

ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਵਿਚ ਕਰਫਿਊ ਤੋਂ ਛੋਟ ਦੇਣ ਸਬੰਧੀ ਹਾਲੇ ਕੋਈ ਫੈਸਲਾ ਨਹੀਂ ਹੋਇਆ ਹੈ ਅਤੇ ਫਿਲਹਾਲ ਪਹਿਲਾਂ ਤੋਂ ਲਾਗੂ ਪਾਬੰਦੀਆਂ ਜਿਊਂ ਦੀਆਂ ਤਿਊਂ ਲਾਗੂ ਹਨ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਕਿਹਾ ਕਿ ਸਥਾਨਕ ਹਲਾਤਾਂ ਦੀ ਸਮੀਖਿਆ ਤੋਂ ਬਾਅਦ ਕਰਫਿਊ ਵਿਚ ਢਿੱਲ ਦੇਣ ਸਬੰਧੀ ਯੋਗ ਫੈਸਲਾ ਲਿਆ ਜਾਵੇਗਾ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਵਿਚ ਹੀ ਰਹਿਣ ਅਤੇ ਇਕ ਦੂਜੇ ਤੋਂ ਦੂਰੀ ਬਣਾਈ ਰੱਖਣ। ਉਨ੍ਹਾਂ ਨੇ ਅਪੀਲ ਕੀਤੀ ਕਿ ਸਵੈ ਜ਼ਾਬਤੇ ਨਾਲ ਹੀ ਇਸ ਬਿਮਾਰੀ ਤੇ ਕਾਬੂ ਪਾਇਆ ਜਾ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਜਦੋਂ ਕਰਫਿਊ ਵਿਚ ਢਿੱਲ ਦਿੱਤੀ ਇਸ ਸਬੰਧੀ ਮੀਡੀਆ ਰਾਹੀਂ ਦੱਸਿਆ ਜਾਵੇਗਾ। ਉਨ੍ਹਾਂ ਨੇ ਲੋਕਾਂ ਨੂੰ ਇਸੇ ਤਰਾਂ ਸਹਿਯੋਗ ਬਣਾਈ ਰੱਖਣ ਦੀ ਅਪੀਲ ਕੀਤੀ।

I/21139/2020